ਬਿਹਾਗੜਾ ਮਹਲਾ ੫ ਛੰਤ ਘਰੁ ੧    ੴ ਸਤਿਗੁਰ ਪ੍ਰਸਾਦਿ ॥ ਹਰਿ ਕਾ ਏਕੁ ਅਚੰਭਉ ਦੇਖਿਆ ਮੇਰੇ ਲਾਲ ਜੀਉ ਜੋ ਕਰੇ ਸੁ ਧਰਮ ਨਿਆਏ ਰਾਮ ॥ ਹਰਿ ਰੰਗੁ ਅਖਾੜਾ ਪਾਇਓਨੁ ਮੇਰੇ ਲਾਲ ਜੀਉ ਆਵਣੁ ਜਾਣੁ  ਸਬਾਏ ਰਾਮ ॥ ਆਵਣੁ ਤ ਜਾਣਾ ਤਿਨਹਿ ਕੀਆ ਜਿਨਿ ਮੇਦਨਿ ਸਿਰਜੀਆ ॥ ਇਕਨਾ ਮੇਲਿ ਸਤਿਗੁਰੁ ਮਹਲਿ ਬੁਲਾਏ ਇਕਿ ਭਰਮਿ ਭੂਲੇ ਫਿਰਦਿਆ ॥ ਅੰਤੁ ਤੇਰਾ ਤੂੰਹੈ ਜਾਣਹਿ ਤੂੰ ਸਭ ਮਹਿ ਰਹਿਆ ਸਮਾਏ ॥ ਸਚੁ ਕਹੈ ਨਾਨਕੁ ਸੁਣਹੁ ਸੰਤਹੁ ਹਰਿ ਵਰਤੈ ਧਰਮ ਨਿਆਏ ॥੧॥ {ਪੰਨਾ 541-542}

ਪਦਅਰਥ:- ਅਚੰਭਉ—ਅਚਰਜ ਤਮਾਸ਼ਾ। ਲਾਲ—ਹੇ ਪਿਆਰੇ! ਧਰਮ ਨਿਆਏ—ਧਰਮ ਨਿਆਇ, ਧਰਮ ਅਤੇ ਨਿਆਉ ਅਨੁਸਾਰ। ਰੰਗੁ—ਰੰਗ-ਭੂਮੀ ਜਿਥੇ ਨਟ ਆ ਕੇ ਆਪਣਾ ਖੇਲ ਵਿਖਾਂਦੇ ਹਨ। ਅਖਾੜਾ—ਪਿੜ। ਪਾਇਓਨੁ—ਉਸ ਨੇ ਬਣਾ ਦਿੱਤਾ ਹੈ। ਆਵਣੁ ਜਾਣੁ—ਜੰਮਣਾ ਤੇ ਮਰਨਾ। ਸਬਾਏ—ਸਾਰੇ ਜੀਵਾਂ ਨੂੰ। ਤਿਨਹਿ—ਉਸ (ਪਰਮਾਤਮਾ) ਨੇ ਹੀ। ਜਿਨਿ—ਜਿਸ ਨੇ। ਮੇਦਨਿ—ਧਰਤੀ, ਸ੍ਰਿਸ਼ਟੀ। ਸਿਰਜੀਆ—ਪੈਦਾ ਕੀਤੀ ਹੈ। ਮੇਲਿ—ਮਿਲਾ ਕੇ। ਮਹਲਿ—ਮਹਲ ਵਿਚ, ਹਜ਼ੂਰੀ ਵਿਚ। ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ}। ਭਰਮਿ—ਭਟਕਣਾ ਵਿਚ ਪੈ ਕੇ। ਤੂੰ ਹੈ—ਤੂੰ ਹੀ। ਸਚੁ—ਅਟੱਲ ਨਿਯਮ। ਵਰਤੈ—ਕਾਰ-ਵਿਹਾਰ ਚਲਾਂਦਾ ਹੈ।1।

ਅਰਥ:- ਹੇ ਮੇਰੇ ਪਿਆਰੇ! ਮੈਂ ਪਰਮਾਤਮਾ ਦਾ ਇਕ ਅਚਰਜ ਤਮਾਸ਼ਾ ਵੇਖਿਆ ਹੈ ਕਿ ਉਹ ਜੋ ਕੁਝ ਕਰਦਾ ਹੈ ਧਰਮ ਅਨੁਸਾਰ ਕਰਦਾ ਹੈ, ਨਿਆਂ ਅਨੁਸਾਰ ਕਰਦਾ ਹੈ। ਹੇ ਮੇਰੇ ਪਿਆਰੇ! (ਇਹ ਜਗਤ) ਉਸ ਪਰਮਾਤਮਾ ਨੇ ਇਕ ਪਿੜ ਬਣਾ ਦਿੱਤਾ ਹੈ ਇਕ ਰੰਗ-ਭੂਮੀ ਰਚ ਦਿੱਤੀ ਹੈ ਜਿਸ ਵਿਚ ਸਾਰੇ (ਨਟਾਂ ਲਈ, ਪਹਿਲਵਾਨਾਂ ਲਈ) ਜੰਮਣਾ ਮਰਨਾ (ਭੀ ਨਿਯਤ ਕਰ ਦਿੱਤਾ ਹੈ)। (ਜਗਤ ਵਿਚ ਜੀਵਾਂ ਦਾ) ਜੰਮਣਾ ਮਰਨਾ ਉਸੇ ਪਰਮਾਤਮਾ ਨੇ ਬਣਾਇਆ ਹੈ ਜਿਸ ਨੇ ਇਹ ਜਗਤ ਪੈਦਾ ਕੀਤਾ ਹੈ। ਕਈ ਜੀਵਾਂ ਨੂੰ ਗੁਰੂ ਮਿਲਾ ਕੇ ਪ੍ਰਭੂ ਆਪਣੀ ਹਜ਼ੂਰੀ ਵਿਚ ਟਿਕਾ ਲੈਂਦਾ ਹੈ, ਤੇ, ਕਈ ਜੀਵ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਫਿਰਦੇ ਹਨ।

ਹੇ ਪ੍ਰਭੂ! ਆਪਣੇ (ਗੁਣਾਂ ਦਾ) ਅੰਤ ਤੂੰ ਆਪ ਹੀ ਜਾਣਦਾ ਹੈਂ, ਤੂੰ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈਂ। ਹੇ ਸੰਤ ਜਨੋ! ਸੁਣੋ, ਨਾਨਕ ਇਕ ਅਟੱਲ ਨਿਯਮ ਦੱਸਦਾ ਹੈ (ਕਿ) ਪਰਮਾਤਮਾ ਧਰਮ ਅਨੁਸਾਰ ਨਿਆਂ ਅਨੁਸਾਰ ਦੁਨੀਆ ਦੀ ਕਾਰ ਚਲਾ ਰਿਹਾ ਹੈ।1।

ਆਵਹੁ ਮਿਲਹੁ ਸਹੇਲੀਹੋ ਮੇਰੇ ਲਾਲ ਜੀਉ ਹਰਿ ਹਰਿ ਨਾਮੁ ਅਰਾਧੇ ਰਾਮ ॥ ਕਰਿ ਸੇਵਹੁ ਪੂਰਾ ਸਤਿਗੁਰੂ ਮੇਰੇ ਲਾਲ ਜੀਉ ਜਮ ਕਾ ਮਾਰਗੁ ਸਾਧੇ ਰਾਮ ॥ ਮਾਰਗੁ ਬਿਖੜਾ ਸਾਧਿ ਗੁਰਮੁਖਿ ਹਰਿ ਦਰਗਹ ਸੋਭਾ ਪਾਈਐ ॥ ਜਿਨ ਕਉ ਬਿਧਾਤੈ ਧੁਰਹੁ ਲਿਖਿਆ ਤਿਨ੍ਹਾ ਰੈਣਿ ਦਿਨੁ ਲਿਵ ਲਾਈਐ ॥ ਹਉਮੈ ਮਮਤਾ ਮੋਹੁ ਛੁਟਾ ਜਾ ਸੰਗਿ ਮਿਲਿਆ ਸਾਧੇ ॥ ਜਨੁ ਕਹੈ ਨਾਨਕੁ ਮੁਕਤੁ ਹੋਆ ਹਰਿ ਹਰਿ ਨਾਮੁ ਅਰਾਧੇ ॥੨॥ {ਪੰਨਾ 542}

ਪਦਅਰਥ:- ਅਰਾਧੇ—ਆਰਾਧਦਾ ਹੈ। ਕਰਿ ਪੂਰਾ—ਅਭੁੱਲ ਮੰਨ ਕੇ। ਮਾਰਗੁ—ਰਸਤਾ। ਸਾਧੇ—ਸਾਧਦਾ ਹੈ, ਚੰਗਾ ਬਣਾ ਲੈਂਦਾ ਹੈ। ਬਿਖੜਾ—ਔਖਾ। ਸਾਧਿ—ਸਾਧ ਕੇ। ਗੁਰਮੁਖਿ—ਗੁਰੂ ਦੀ ਰਾਹੀਂ। ਪਾਈਐ—ਪ੍ਰਾਪਤ ਕਰ ਲਈਦੀ ਹੈ। ਬਿਧਾਤੈ—ਕਰਤਾਰ ਨੇ। ਧੁਰਹੁ—ਆਪਣੀ ਹਜ਼ੂਰੀ ਤੋਂ। ਰੈਣਿ—ਰਾਤ। ਲਿਵ—ਲਗਨ। ਸੰਗਿ ਸਾਧੇ—ਸਾਧੂ-ਗੁਰੂ ਦੀ ਸੰਗਤਿ ਵਿਚ। ਮੁਕਤੁ—ਵਿਕਾਰਾਂ ਤੋਂ ਆਜ਼ਾਦ। ਅਰਾਧੇ—ਅਰਾਧਿ, ਆਰਾਧ ਕੇ।2।

ਅਰਥ:- ਹੇ ਮੇਰੇ ਪਿਆਰੇ! (ਆਖ—) ਹੇ ਸੰਤ-ਜਨ ਸਹੇਲੀਹੋ! ਆਓ, ਰਲ ਕੇ ਸੰਤ-ਸੰਗ ਵਿਚ ਬੈਠੋ, (ਜੇਹੜਾ ਮਨੁੱਖ ਸਤਸੰਗੀਆਂ ਵਿਚ ਮਿਲ ਕੇ ਬੈਠਦਾ ਹੈ ਉਹ) ਪਰਮਾਤਮਾ ਦਾ ਨਾਮ ਸਦਾ ਸਿਮਰਦਾ ਹੈ। ਹੇ ਮੇਰੇ ਪਿਆਰੇ! ਗੁਰੂ ਨੂੰ ਅਭੁੱਲ ਮੰਨ ਕੇ ਗੁਰੂ ਦੀ ਸਰਨ ਪਵੋ (ਜੇਹੜਾ ਇਸ ਤਰ੍ਹਾਂ ਗੁਰੂ ਦੀ ਸਰਨ ਪੈਂਦਾ ਹੈ ਉਹ) ਜਮ ਦੇ ਰਸਤੇ ਨੂੰ

(ਆਤਮਕ ਮੌਤ ਲਿਆਉਣ ਵਾਲੇ ਜੀਵਨ-ਰਾਹ ਨੂੰ) ਚੰਗਾ ਬਣਾ ਲੈਂਦਾ ਹੈ। ਗੁਰੂ ਦੀ ਸਰਨ ਪੈ ਕੇ ਔਖੇ ਜੀਵਨ-ਰਾਹ ਨੂੰ ਸੋਹਣਾ ਬਣਾ ਕੇ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਖੱਟ ਸਕੀਦੀ ਹੈ। (ਪਰ) ਜਿਨ੍ਹਾਂ ਮਨੁੱਖਾਂ ਦੇ ਮੱਥੇ ਤੇ ਆਪਣੀ ਹਜ਼ੂਰੀ ਤੋਂ ਕਰਤਾਰ ਨੇ (ਭਗਤੀ ਦਾ ਲੇਖ) ਲਿਖ ਦਿੱਤਾ ਹੈ, ਉਹਨਾਂ ਮਨੁੱਖਾਂ ਦੀ ਸੁਰਤਿ ਦਿਨ ਰਾਤ (ਪ੍ਰਭੂ-ਚਰਨਾਂ ਵਿਚ) ਲਗੀ ਰਹਿੰਦੀ ਹੈ। ਜਦੋਂ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲਦਾ ਹੈ ਤਦੋਂ ਉਸ ਦੇ ਅੰਦਰੋਂ ਹਉਮੈ ਮਮਤਾ (ਅਪਣੱਤ) ਦੂਰ ਹੋ ਜਾਂਦੀ ਹੈ, ਮੋਹ ਮੁੱਕ ਜਾਂਦਾ ਹੈ। ਦਾਸ ਨਾਨਕ ਆਖਦਾ ਹੈ ਕਿ ਸਦਾ ਪਰਮਾਤਮਾ ਦਾ ਨਾਮ ਸਿਮਰ ਕੇ ਮਨੁੱਖ (ਹਉਮੈ ਮਮਤਾ ਮੋਹ ਆਦਿਕ ਦੇ ਪ੍ਰਭਾਵ ਤੋਂ) ਸੁਤੰਤਰ ਹੋ ਜਾਂਦਾ ਹੈ।2।

**ਕਰ ਜੋੜਿਹੁ ਸੰਤ ਇਕਤ੍ਰ ਹੋਇ ਮੇਰੇ ਲਾਲ ਜੀਉ ਅਬਿਨਾਸੀ ਪੁਰਖੁ ਪੂਜੇਹਾ ਰਾਮ ॥ ਬਹੁ ਬਿਧਿ ਪੂਜਾ ਖੋਜੀਆ ਮੇਰੇ ਲਾਲ ਜੀਉ ਇਹੁ ਮਨੁ ਤਨੁ ਸਭੁ ਅਰਪੇਹਾ ਰਾਮ ॥ ਮਨੁ ਤਨੁ ਧਨੁ ਸਭੁ ਪ੍ਰਭੂ ਕੇਰਾ ਕਿਆ ਕੋ ਪੂਜ ਚੜਾਵਏ ॥ ਜਿਸੁ ਹੋਇ ਕ੍ਰਿਪਾਲੁ ਦਇਆਲੁ ਸੁਆਮੀ ਸੋ ਪ੍ਰਭ ਅੰਕਿ ਸਮਾਵਏ ॥ ਭਾਗੁ ਮਸਤਕਿ ਹੋਇ ਜਿਸ ਕੈ ਤਿਸੁ ਗੁਰ ਨਾਲਿ ਸਨੇਹਾ ॥ ਜਨੁ ਕਹੈ ਨਾਨਕੁ ਮਿਲਿ ਸਾਧਸੰਗਤਿ ਹਰਿ ਹਰਿ ਨਾਮੁ ਪੂਜੇਹਾ ॥੩॥** {ਪੰਨਾ 542}

ਪਦਅਰਥ:- ਕਰ—ਹੱਥ {ਬਹੁ-ਵਚਨ}। ਹੋਇ—ਹੋ ਕੇ। ਪੁਰਖੁ—ਸਰਬ-ਵਿਆਪਕ। ਬਹੁ ਬਿਧਿ—ਕਈ ਕਿਸਮਾਂ ਦੀਆਂ। ਖੋਜੀਆ—ਖੋਜੀਆਂ, ਮੈਂ ਭਾਲ ਵੇਖੀਆਂ ਹਨ। ਅਰਪੇਹਾ—ਭੇਟਾ ਕਰੀਏ। ਕੇਰਾ—ਦਾ। ਕੋ—ਕੋਈ ਮਨੁੱਖ। ਕਿਆ ਪੂਜ—ਕੇਹੜੀ ਸ਼ੈ ਭੇਟਾ ਵਜੋਂ। ਅੰਕਿ—ਅੰਕ ਵਿਚ, ਗੋਦ ਵਿਚ। ਸਮਾਏ—ਲੀਨ ਹੋ ਜਾਂਦਾ ਹੈ। ਮਸਤਕਿ—ਮੱਥੇ ਉੱਤੇ। ਸਨੇਹਾ—ਪਿਆਰ। ਮਿਲਿ—ਮਿਲ ਕੇ। ਪੂਜੇਹਾ—ਪੂਜੀਏ।3।

ਅਰਥ:- ਹੇ ਮੇਰੇ ਪਿਆਰੇ! (ਆਖ—) ਹੇ ਸੰਤ ਜਨੋ! (ਸਾਧ ਸੰਗਤਿ ਵਿਚ) ਇਕੱਠੇ ਹੋ ਕੇ ਪਰਮਾਤਮਾ ਅੱਗੇ ਦੋਵੇਂ ਹੱਥ ਜੋੜਿਆ ਕਰੋ, ਤੇ, ਉਸ ਨਾਸ-ਰਹਿਤ ਸਰਬ-ਵਿਆਪਕ ਪਰਮਾਤਮਾ ਦੀ ਭਗਤੀ ਕਰਿਆ ਕਰੋ। ਹੇ ਮੇਰੇ ਪਿਆਰੇ! ਮੈਂ ਹੋਰ ਕਈ ਕਿਸਮਾਂ ਦੀ ਪੂਜਾ-ਭੇਟਾ ਭਾਲ ਵੇਖੀ ਹੈ (ਪਰ ਸਭ ਤੋਂ ਸ੍ਰੇਸ਼ਟ ਪੂਜਾ ਇਹ ਹੈ ਕਿ) ਆਪਣਾ ਇਹ ਮਨ ਇਹ ਸਰੀਰ ਸਭ ਭੇਟਾ ਕਰ ਦੇਣਾ ਚਾਹੀਦਾ ਹੈ। (ਫਿਰ ਭੀ, ਮਾਣ ਕਾਹਦਾ?) ਇਹ ਮਨ, ਇਹ ਸਰੀਰ, ਇਹ ਧਨ ਸਭ ਪਰਮਾਤਮਾ ਦਾ ਦਿੱਤਾ ਹੋਇਆ ਹੈ, (ਸੋ,) ਕੋਈ ਮਨੁੱਖ (ਆਪਣੀ ਮਲਕੀਅਤ ਦੀ) ਕੇਹੜੀ ਚੀਜ਼ ਭੇਟਾ ਕਰ ਸਕਦਾ ਹੈ? ਜਿਸ ਮਨੁੱਖ ਉੱਤੇ ਪ੍ਰਭੂ-ਮਾਲਕ ਕਿਰਪਾਲ ਹੁੰਦਾ ਹੈ ਦਇਆਵਾਨ ਹੁੰਦਾ ਹੈ ਉਹ ਉਸ ਪਰਮਾਤਮਾ ਦੇ ਚਰਨਾਂ ਵਿਚ ਲੀਨ ਹੋ ਜਾਂਦਾ ਹੈ (ਬੱਸ! ਇਹੀ ਹੈ ਭੇਟਾ ਤੇ ਪੂਜਾ)। ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗ ਪੈਂਦਾ ਹੈ, ਉਸ ਦਾ ਆਪਣੇ ਗੁਰੂ ਨਾਲ ਪਿਆਰ ਬਣ ਜਾਂਦਾ ਹੈ। ਦਾਸ ਨਾਨਕ ਆਖਦਾ ਹੈ—(ਹੇ ਸੰਤ ਜਨੋ!) ਸਾਧ ਸੰਗਤਿ ਵਿਚ ਮਿਲ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ।3।

**ਦਹ ਦਿਸ ਖੋਜਤ ਹਮ ਫਿਰੇ ਮੇਰੇ ਲਾਲ ਜੀਉ ਹਰਿ ਪਾਇਅੜਾ ਘਰਿ ਆਏ ਰਾਮ ॥ ਹਰਿ ਮੰਦਰੁ ਹਰਿ ਜੀਉ ਸਾਜਿਆ ਮੇਰੇ ਲਾਲ ਜੀਉ ਹਰਿ ਤਿਸੁ ਮਹਿ ਰਹਿਆ ਸਮਾਏ ਰਾਮ ॥ ਸਰਬੇ ਸਮਾਣਾ ਆਪਿ ਸੁਆਮੀ ਗੁਰਮੁਖਿ ਪਰਗਟੁ ਹੋਇਆ ॥ ਮਿਟਿਆ ਅਧੇਰਾ ਦੂਖੁ ਨਾਠਾ ਅਮਿਉ ਹਰਿ ਰਸੁ ਚੋਇਆ ॥ ਜਹਾ ਦੇਖਾ ਤਹਾ ਸੁਆਮੀ ਪਾਰਬ੍ਰਹਮੁ ਸ ਭ ਠਾਏ ॥ ਜਨੁ ਕਹੈ ਨਾਨਕੁ ਸਤਿਗੁਰਿ ਮਿਲਾਇਆ ਹਰਿ ਪਾਇਅੜਾ ਘਰਿ ਆਏ ॥੪॥੧॥** {ਪੰਨਾ 542}

ਪਦਅਰਥ:- ਦਹਦਿਸ—ਦਸੀਂ ਪਾਸੀਂ। ਪਾਇਅੜਾ—ਲੱਭ ਲਿਆ। ਘਰਿ—ਹਿਰਦੇ-ਘਰ ਵਿਚ। ਆਏ—ਆਇ, ਆ ਕੇ। ਹਰਿ ਮੰਦਰੁ—ਹਰੀ ਨੇ ਆਪਣੇ ਰਹਿਣ ਲਈ ਘਰ। ਸਰਬੇ—ਸਭ ਜੀਵਾਂ ਵਿਚ। ਗੁਰਮੁਖਿ—ਗੁਰੂ ਦੀ ਰਾਹੀਂ। ਅਧੇਰਾ—ਹਨੇਰਾ। ਨਾਠਾ—ਨੱਠ ਗਿਆ। ਅਮਿਉ—ਅੰਮ੍ਰਿਤੁ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਠਾਏ—ਠਾਈਂ, ਥਾਈਂ। ਸਤਿਗੁਰਿ—ਗੁਰੂ ਨੇ।4।

ਅਰਥ:- ਹੇ ਮੇਰੇ ਪਿਆਰੇ! (ਪਰਮਾਤਮਾ ਨੂੰ ਲੱਭਣ ਵਾਸਤੇ) ਅਸੀਂ ਦਸੀਂ ਪਾਸੀਂ ਭਾਲ ਕਰਦੇ ਫਿਰੇ, ਪਰ ਉਸ ਪਰਮਾਤਮਾ ਨੂੰ ਹੁਣ ਹਿਰਦੇ-ਘਰ ਵਿਚ ਹੀ ਆ ਕੇ ਲੱਭ ਲਿਆ ਹੈ। ਹੇ ਮੇਰੇ ਪਿਆਰੇ! (ਇਸ ਮਨੁੱਖਾ ਸਰੀਰ ਨੂੰ) ਪਰਮਾਤਮਾ ਨੇ ਆਪਣੇ ਰਹਿਣ ਲਈ ਘਰ ਬਣਾਇਆ ਹੋਇਆ ਹੈ, ਪਰਮਾਤਮਾ ਇਸ (ਸਰੀਰ-ਘਰ) ਵਿਚ ਟਿਕਿਆ ਰਹਿੰਦਾ ਹੈ। ਮਾਲਕ-ਪ੍ਰਭੂ ਆਪ ਹੀ ਸਾਰੇ ਜੀਵਾਂ ਵਿਚ ਵਿਆਪਕ ਹੋ ਰਿਹਾ ਹੈ, ਪਰ ਉਸ ਦੀ ਇਸ ਹੋਂਦ ਦਾ ਪਰਕਾਸ਼ ਗੁਰੂ ਦੀ ਸਰਨ ਪਿਆਂ ਹੀ ਹੁੰਦਾ ਹੈ। (ਗੁਰੂ ਜਿਸ ਮਨੁੱਖ ਦੇ ਮੂੰਹ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਨਾਮ-ਰਸ ਚੋ ਦੇਂਦਾ ਹੈ, (ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ) ਹਨੇਰਾ ਮਿਟ ਜਾਂਦਾ ਹੈ, ਉਸ ਦਾ ਸਾਰਾ ਦੁੱਖ ਦੂਰ ਹੋ ਜਾਂਦਾ ਹੈ। (ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਜਿੱਧਰ ਵੇਖਦਾ ਹਾਂ ਉਧਰ ਹੀ ਮੈਨੂੰ ਮਾਲਕ ਪਰਮਾਤਮਾ ਸਭ ਥਾਈਂ ਵੱਸਦਾ ਦਿੱਸਦਾ ਹੈ। ਦਾਸ ਨਾਨਕ ਆਖਦਾ ਹੈ—ਗੁਰੂ ਨੇ ਮੈਨੂੰ ਪਰਮਾਤਮਾ ਮਿਲਾ ਦਿੱਤਾ ਹੈ, ਮੈਂ ਪਰਮਾਤਮਾ ਨੂੰ ਆਪਣੇ ਹਿਰਦੇ-ਘਰ ਵਿਚ ਆ ਕੇ ਲੱਭ ਲਿਆ ਹੈ।4।1।